ਬਸੰਤੁ ਮਹਲਾ ੧ ਇਕ ਤੁਕੀਆ ॥ ਮਤੁ ਭਸਮ ਅੰਧੂਲੇ ਗਰਬਿ ਜਾਹਿ ॥ ਇਨ ਬਿਧਿ ਨਾਗੇ ਜੋਗੁ ਨਾਹਿ ॥੧॥ ਮੂੜ੍ਹੇ ਕਾਹੇ ਬਿਸਾਰਿਓ ਤੈ ਰਾਮ ਨਾਮ ॥ ਅੰਤ ਕਾਲਿ ਤੇਰੈ ਆਵੈ ਕਾਮ ॥ ੧॥ ਰਹਾਉ ॥ ਗੁਰ ਪੂਛਿ ਤੁਮ ਕਰਹੁ ਬੀਚਾਰੁ ॥ ਜਹ ਦੇਖਉ ਤਹ ਸਾਰਿਗਪਾਣਿ ॥੨॥ ਕਿਆ ਹਉ ਆਖਾ ਜਾਂ ਕਛੂ ਨਾਹਿ ॥ ਜਾਤਿ ਪਤਿ ਸਭ ਤੇਰੈ ਨਾਇ ॥੩॥ ਕਾਹੇ ਮਾਲੁ ਦਰਬੁ ਦੇਖਿ ਗਰਬਿ ਜਾਹਿ ॥ ਚਲਤੀ ਬਾਰ ਤੇਰੋ ਕਛੂ ਨਾਹਿ ॥੪॥ ਪੰਚ ਮਾਰਿ ਚਿਤੁ ਰਖਹੁ ਥਾਇ ॥ ਜੋਗ ਜੁਗਤਿ ਕੀ ਇਹੈ ਪਾਂਇ ॥੫॥ ਹਉਮੈ ਪੈਖੜੁ ਤੇਰੇ ਮਨੈ ਮਾਹਿ ॥ ਹਰਿ ਨ ਚੇਤਹਿ ਮੂੜੇ ਮੁਕਤਿ ਜਾਹਿ ॥੬॥ ਮਤ ਹਰਿ ਵਿਸਰਿਐ ਜਮ ਵਸਿ ਪਾਹਿ ॥ ਅੰਤ ਕਾਲਿ ਮੂੜੇ ਚੋਟ ਖਾਹਿ ॥੭॥ ਗੁਰ ਸਬਦੁ ਬੀਚਾਰਹਿ ਆਪੁ ਜਾਇ ॥ ਸਾਚ ਜੋਗੁ ਮਨਿ ਵਸੈ ਆਇ ॥੮॥ ਜਿਨਿ ਜੀਉ ਪਿੰਡੁ ਦਿਤਾ ਤਿਸੁ ਚੇਤਹਿ ਨਾਹਿ ॥ ਮੜੀ ਮਸਾਣੀ ਮੂੜੇ ਜੋਗੁ ਨਾਹਿ ॥ ੯॥ ਗੁਣ ਨਾਨਕੁ ਬੋਲੈ ਭਲੀ ਬਾਣਿ ॥ ਤੁਮ ਹੋਹੁ ਸੁਜਾਖੇ ਲੇਹੁ ਪਛਾਣਿ ॥੧੦॥੫॥ {ਪੰਨਾ 1189}

ਇਕ ਤੁਕੀਆ—ਉਹ ਅਸਟਪਦੀਆਂ ਜਿਨ੍ਹਾਂ ਦੇ ਹਰੇਕ ਬੰਦ ਵਿਚ ਇਕ ਇਕ ਤੁਕ ਹੈ।

ਪਦਅਰਥ:- ਭਸਮ—ਸੁਆਹ। ਅੰਧੂਲੇ—ਹੇ ਅੰਧੁਲੇ! ਹੇ ਅਕਲੋਂ ਅੰਨ੍ਹੇ! ਮਤੁ ਗਰਬਿ ਜਾਹਿ—ਮਤਾਂ ਤੂੰ ਅਹੰਕਾਰ ਵਿਚ ਆ ਜਾਏਂ। ਗਰਬਿ—ਅਹੰਕਾਰ ਵਿਚ। ਗਰਬਿ ਜਾਹ—ਤੂੰ ਅਹੰਕਾਰਿਆ ਜਾਏਂ। ਇਨ ਬਿਧਿ—ਇਹਨਾਂ ਤਰੀਕਿਆਂ ਨਾਲ। ਜੋਗੁ—ਪਰਮਾਤਮਾ ਨਾਲ ਮਿਲਾਪ।1।

ਮੂੜੇ—ਹੇ ਮੂਰਖ! ਕਾਹੇ—ਕਾਹਦੇ ਵਾਸਤੇ? ਕਿਉਂ? ਅੰਤ ਕਾਲਿ—ਅਖ਼ੀਰਲੇ ਸਮੇ।1। ਰਹਾਉ।

ਪੂਛਿ—ਪੁੱਛ ਕੇ, ਸਿੱਖਿਆ ਲੈ ਕੇ। ਦੇਖਉ—ਮੈਂ ਵੇਖਦਾ ਹਾਂ। ਸਾਰਿਗ ਪਾਣਿ—ਉਹ ਪਰਮਾਤਮਾ ਜਿਸ ਦੇ ਹੱਥ ਵਿਚ ਧਨੁਖ ਹੈ। ਸਾਰਿਗ—ਧਨਖ। ਪਾਣਿ—ਹੱਥ।2।

ਆਖਾ—ਮੈਂ ਆਖਾਂ, ਮਾਣ ਕਰਾਂ। ਕਿਆ ਹਉ ਆਖਾ—ਮੈਂ ਕੀਹ ਮਾਣ ਕਰ ਸਕਦਾ ਹਾਂ? ਪਤਿ—ਇੱਜ਼ਤ। ਤੇਰੈ ਨਾਇ—ਤੇਰੇ ਨਾਮ ਵਿਚ (ਲੀਨ ਹੋਣਾ)।3।

ਦਰਬੁ—ਧਨ। ਦੇਖਿ—ਵੇਖ ਕੇ। ਚਲਤੀ ਬਾਰ—ਸੰਸਾਰ ਤੋਂ ਕੂਚ ਕਰਨ ਵੇਲੇ।4।

ਪੰਚ—ਕਾਮਾਦਿਕ ਪੰਜੇ ਵਿਕਾਰ। ਥਾਇ—ਥਾਂ ਵਿਚ, ਵੱਸ ਵਿਚ। ਪਾਂਇ—ਨੀਂਹ। ਜੋਗ ਜੁਗਤਿ—ਪਰਮਾਤਮਾ ਨਾਲ ਮਿਲਾਪ ਦਾ ਤਰੀਕਾ।5।

ਪੈਖੜੁ—ਢੰਗਾ, ਪਸ਼ੂ ਦੇ ਪਿਛਲੇ ਪੈਰਾਂ ਨਾਲ ਬੱਧਾ ਹੋਇਆ ਰੱਸਾ ਜੋ ਉਸ ਨੂੰ ਦੌੜਨ ਨਹੀਂ ਦੇਂਦਾ। ਮੁਕਤਿ ਜਾਹਿ—ਵਿਕਾਰਾਂ ਤੋਂ ਸੁਤੰਤਰ ਹੋ ਸਕੇਂ।6।

ਮਤ—ਮਤਾਂ ਕਿਤੇ। ਜਮ ਵਸਿ—ਜਮਾਂ ਦੇ ਵੱਸ ਵਿਚ। ਪਾਹਿ—ਪੈ ਜਾਏਂ। ਚੋਟ—ਮਾਰ-ਕੁਟਾਈ।7।

ਆਪੁ—ਆਪਾ-ਭਾਵ। ਸਾਚ ਜੋਗੁ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਮਿਲਾਪ।8।

ਜਿਨਿ—ਜਿਸ (ਪ੍ਰਭੂ) ਨੇ। ਜੀਉ—ਜਿੰਦ। ਪਿੰਡੁ—ਸਰੀਰ। ਮੂੜੇ—ਹੇ ਮੂਰਖ!।9।

ਗੁਣ ਬਾਣਿ—ਗੁਣਾਂ ਵਾਲੀ ਬਾਣੀ, ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ। ਭਲੀ—ਚੰਗੀ, ਸੋਹਣੀ। ਸੁਜਾਖਾ—ਵੇਖ ਸਕਣ ਵਾਲੀਆਂ ਅੱਖਾਂ ਵਾਲਾ।10।

ਅਰਥ:- ਹੇ ਮੂਰਖ! ਤੂੰ ਪਰਮਾਤਮਾ ਦਾ ਨਾਮ ਕਿਉਂ ਵਿਸਾਰ ਦਿੱਤਾ ਹੈ? ਪਰਮਾਤਮਾ ਦਾ ਨਾਮ ਹੀ ਅੰਤ ਸਮੇ ਤੇਰੇ ਕੰਮ ਆ ਸਕਦਾ ਹੈ।1। ਰਹਾਉ।

ਹੇ ਅਕਲੋਂ ਅੰਨ੍ਹੇ! ਪਿੰਡੇ ਤੇ ਸੁਆਹ ਮਲ ਕੇ ਮਤਾਂ ਤੂੰ ਅਹੰਕਾਰ ਵਿਚ ਆ ਜਾਏਂ (ਕਿ ਤੂੰ ਕੋਈ ਬੜਾ ਹੀ ਉੱਤਮ ਕਰਮ ਕਰ ਰਿਹਾ ਹੈਂ) ਨੰਗੇ ਰਹਿ ਕੇ (ਤੇ ਪਿੰਡੇ ਉਤੇ ਸੁਆਹ ਮਲ ਕੇ) ਇਹਨਾਂ ਤਰੀਕਿਆਂ ਨਾਲ (ਪਰਮਾਤਮਾ ਨਾਲ) ਮਿਲਾਪ ਨਹੀਂ ਹੋ ਸਕਦਾ।1।

ਗੁਰੂ ਦੀ ਸਿੱਖਿਆ ਲੈ ਕੇ ਸੋਚੋ ਸਮਝੋ (ਘਰ-ਘਾਟ ਛੱਡ ਕੇ ਬਾਹਰ ਭਟਕਿਆਂ ਰੱਬ ਨਹੀਂ ਮਿਲਦਾ)। ਮੈਂ ਤਾਂ ਜਿੱਧਰ ਵੇਖਦਾ ਹਾਂ ਉਧਰ ਹੀ (ਹਰ ਥਾਂ) ਪਰਮਾਤਮਾ ਮੌਜੂਦ ਹੈ।2।

ਹੇ ਪ੍ਰਭੂ! (ਗ੍ਰਿਹਸਤ ਵਿਚ ਰਹਿ ਕੇ ਉੱਚੀ ਜਾਤਿ ਜਾਂ ਦੁਨੀਆਵੀ ਇੱਜ਼ਤ ਦਾ ਮਾਣ ਕਰਨਾ ਭੀ ਜੀਵ ਦੀ ਭਾਰੀ ਭੁੱਲ ਹੈ) ਤੇਰੇ ਨਾਮ ਵਿਚ ਜੁੜਨਾ ਹੀ ਉੱਚੀ ਜਾਤਿ ਹੈ ਤੇਰੇ ਨਾਮ ਵਿਚ ਜੁੜਨਾ ਹੀ ਦੁਨੀਆ ਵਿਚ ਇੱਜ਼ਤ-ਮਾਣ ਹੈ। ਹੇ ਪ੍ਰਭੂ! ਮੈਂ ਮਾਣ ਭੀ ਕਿਸ ਚੀਜ਼ ਦਾ ਕਰਾਂ? ਜੋ ਕੁਝ ਭੀ ਮੈਂ ਆਪਣਾ ਸਮਝਦਾ ਹਾਂ ਇਹ ਮੇਰਾ ਆਪਣਾ ਨਹੀਂ, (ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ, ਤੇ ਹੈ ਭੀ ਨਾਸਵੰਤ)।3।

(ਹੇ ਭਾਈ! ਗ੍ਰਿਹਸਤ ਨੂੰ ਤਿਆਗ ਜਾਣ ਵਾਲਾ ਨਿਰੇ ਨੰਗੇ ਰਹਿਣ ਤੇ ਪਿੰਡੇ ਤੇ ਸੁਆਹ ਮਲਣ ਦਾ ਮਾਣ ਕਰਦਾ ਹੈ। ਇਹ ਭੁੱਲ ਹੈ। ਪਰ ਗ੍ਰਿਹਸਤੀ ਧਨ ਦਾ ਅਹੰਕਾਰ ਕਰਦਾ ਹੈ। ਇਹ ਭੀ ਮੂਰਖਤਾ ਹੈ) ਮਾਲ ਧਨ ਵੇਖ ਕੇ ਤੂੰ ਅਹੰਕਾਰ ਕਰਦਾ ਹੈਂ। ਸੰਸਾਰ ਤੋਂ ਕੂਚ ਕਰਨ ਵੇਲੇ (ਧਨ ਮਾਲ ਵਿਚੋਂ) ਕੋਈ ਭੀ ਚੀਜ਼ ਤੇਰੀ ਨਹੀਂ ਹੋਵੇਗੀ।4।

(ਹੇ ਭਾਈ!) ਕਾਮਾਦਿਕ ਪੰਜਾਂ ਨੂੰ ਮਾਰ ਕੇ ਆਪਣੇ ਮਨ ਨੂੰ ਵੱਸ ਵਿਚ ਰੱਖ। ਪਰਮਾਤਮਾ ਨਾਲ ਮਿਲਾਪ ਪੈਦਾ ਕਰਨ ਵਾਲੇ ਤਰੀਕੇ ਦੀ ਇਹੀ ਨੀਂਹ ਹੈ।5।

ਹੇ ਮੂਰਖ! (ਜੇ ਤੂੰ ਤਿਆਗੀ ਹੈਂ ਤਾਂ ਤਿਆਗ ਦਾ, ਤੇ, ਜੇ ਤੂੰ ਗ੍ਰਿਹਸਤੀ ਹੈ ਤਾਂ ਧਨ ਮਾਲ ਦਾ ਤੈਨੂੰ ਮਾਣ ਹੈ, ਇਹ) ਹਉਮੈ ਤੇਰੇ ਮਨ ਵਿਚ ਹੈ ਜੋ ਤੇਰੇ ਮਨ ਨੂੰ ਅਟਕਾਈ ਬੈਠੀ ਹੈ ਜਿਵੇਂ ਪਸ਼ੂ ਦੀ ਪਿਛਲੀ ਲੱਤ ਨਾਲ ਬੱਧਾ ਹੋਇਆ ਢੰਗਾ ਉਸ ਨੂੰ ਦੌੜਨ ਨਹੀਂ ਦੇਂਦਾ। ਤੂੰ (ਇਸ ਹਉਮੈ ਦੇ ਢੰਗੇ ਦੇ ਕਾਰਨ) ਪਰਮਾਤਮਾ ਨੂੰ ਨਹੀਂ ਸਿਮਰਦਾ। ਤੇ, ਵਿਕਾਰਾਂ ਤੋਂ ਖ਼ਲਾਸੀ ਸਿਮਰਨ ਨਾਲ ਹੀ ਹੋ ਸਕਦੀ ਹੈ।6।

(ਹੇ ਮੂਰਖ! ਸੁਚੇਤ ਹੋ) ਪਰਮਾਤਮਾ ਦਾ ਨਾਮ ਭੁਲਾਇਆਂ ਮਤਾਂ ਜਮਾਂ ਦੇ ਵੱਸ ਵਿਚ ਪੈ ਜਾਏਂ, ਤੇ ਅਖ਼ੀਰਲੇ ਸਮੇ (ਪਛਤਾਵੇ ਦੀ) ਮਾਰ-ਕੁੱਟ ਖਾਏਂ।7।

(ਹੇ ਭਾਈ!) ਜੇ ਤੂੰ ਗੁਰੂ ਦੇ ਸ਼ਬਦ ਨੂੰ ਆਪਣੀ ਸੁਰਤਿ ਵਿਚ ਟਿਕਾ ਰੱਖੇਂ, ਤਾਂ ਇਸ ਤਰ੍ਹਾਂ ਆਪਾ-ਭਾਵ ਦੂਰ ਹੋ ਸਕੇਗਾ। (ਗੁਰੂ ਦਾ ਸ਼ਬਦ ਵਿਚਾਰਨ ਦੀ ਬਰਕਤਿ ਨਾਲ ਉਹ ਪ੍ਰਭੂ-ਨਾਮ) ਮਨ ਵਿਚ ਆ ਵੱਸਦਾ ਹੈ ਜੋ ਸਦਾ-ਥਿਰ ਪ੍ਰਭੂ ਨਾਲ ਸਦਾ ਦਾ ਮਿਲਾਪ ਬਣਾ ਦੇਂਦਾ ਹੈ।8।

ਹੇ ਮੂਰਖ! ਜਿਸ ਪਰਮਾਤਮਾ ਨੇ ਤੈਨੂੰ ਜਿੰਦ ਦਿੱਤੀ ਹੈ ਸਰੀਰ ਦਿੱਤਾ ਹੈ ਉਸ ਨੂੰ ਤੂੰ ਚੇਤੇ ਨਹੀਂ ਕਰਦਾ (ਤੇ ਸੁਆਹ ਮਲ ਕੇ ਮੜ੍ਹੀਆਂ ਮਸਾਣਾਂ ਵਿਚ ਜਾ ਡੇਰਾ ਲਾਂਦਾ ਹੈਂ) ਮੜ੍ਹੀਆਂ ਮਸਾਣਾਂ ਵਿਚ ਬੈਠਿਆਂ ਪਰਮਾਤਮਾ ਨਾਲ ਮਿਲਾਪ ਨਹੀਂ ਬਣ ਸਕਦਾ।9।

ਨਾਨਕ ਤਾਂ ਪਰਮਾਤਮਾ ਦੀਆਂ ਸਿਫ਼ਤਾਂ ਦੀ ਬਾਣੀ ਉਚਾਰਦਾ ਹੈ, ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ ਹੀ ਸੁੰਦਰ ਬਾਣੀ ਹੈ (ਇਹੀ ਪਰਮਾਤਮਾ ਦੇ ਚਰਨਾਂ ਵਿਚ ਜੋੜ ਸਕਦੀ ਹੈ) ਇਸ ਗੱਲ ਨੂੰ ਸਮਝ (ਜੇ ਤੂੰ ਭੀ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰੇਂਗਾ ਤਾਂ) ਤੈਨੂੰ ਭੀ ਪਰਮਾਤਮਾ ਦਾ ਦੀਦਾਰ ਕਰਾਣ ਵਾਲੀਆਂ ਆਤਮਕ ਅੱਖਾਂ ਮਿਲ ਜਾਣਗੀਆਂ।10।5।